ਦੇਵਗੰਧਾਰੀ ੫ ॥ ਸੋ ਪ੍ਰਭੁ ਜਤ ਕਤ ਪੇਖਿਓ ਨੈਣੀ ॥ ਸੁਖਦਾਈ ਜੀਅਨ ਕੋ ਦਾਤਾ ਅੰਮ੍ਰਿਤੁ ਜਾ ਕੀ ਬੈਣੀ ॥੧॥ ਰਹਾਉ ॥ ਅਗਿਆਨੁ ਅਧੇਰਾ ਸੰਤੀ ਕਾਟਿਆ ਜੀਅ ਦਾਨੁ ਗੁਰ ਦੈਣੀ ॥ ਕਰਿ ਕਿਰਪਾ ਕਰਿ ਲੀਨੋ ਅਪੁਨਾ ਜਲਤੇ ਸੀਤਲ ਹੋਣੀ ॥੧॥ ਕਰਮੁ ਧਰਮੁ ਕਿਛੁ ਉਪਜਿ ਨ ਆਇਓ ਨਹ ਉਪਜੀ ਨਿਰਮਲ ਕਰਣੀ ॥ ਛਾਡਿ ਸਿਆਨਪ ਸੰਜਮ ਨਾਨਕ ਲਾਗੋ ਗੁਰ ਕੀ ਚਰਣੀ ॥੨॥੯॥ {ਪੰਨਾ 530}

ਪਦਅਰਥ:- ਜਤ ਕਤ—ਜਿਥੇ ਕਿਥੇ, ਹਰ ਥਾਂ। ਦੇਖਿਓ—ਮੈਂ ਵੇਖ ਲਿਆ ਹੈ। ਨੈਣ—ਆਪਣੀਆਂ ਅੱਖਾਂ ਨਾਲ। ਕੋ—ਦਾ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ। ਜਾ ਕੀ ਬੈਣੀ—ਜਿਸ ਦੀ ਸਿਫ਼ਤਿ-ਸਾਲਾਹ ਵਾਲੇ ਗੁਰ-ਬਚਨਾਂ ਵਿਚ।1। ਰਹਾਉ।

ਅਧੇਰਾ—ਹਨੇਰਾ। ਸੰਤੀ—ਸੰਤ ਜਨਾਂ ਨੇ। ਜੀਅ ਦਾਨੁ—ਆਤਮਕ ਜੀਵਨ ਦੀ ਦਾਤਿ। ਗੁਰ ਦੈਣੀ—ਦੇਣਹਾਰ ਗੁਰੂ ਨੇ। ਜਲਤੇ—ਸੜਦੇ। ਸੀਤਲ—ਠੰਢਾ-ਠਾਰ, ਸ਼ਾਂਤ-ਚਿੱਤ।1।

ਕਰਮੁ ਧਰਮੁ—(ਸ਼ਾਸਤ੍ਰਾਂ ਅਨੁਸਾਰ ਮਿਥਿਆ ਹੋਇਆ) ਧਾਰਮਿਕ ਕੰਮ। ਉਪਜਿ ਨ ਆਇਓ—ਮੈਥੋਂ ਹੋ ਨਹੀਂ ਸਕਿਆ। ਨਿਰਮਲ ਕਰਣੀ—(ਤੀਰਥ-ਇਸ਼ਨਾਨ ਆਦਿਕ ਦੀ ਰਾਹੀਂ) ਸੁੱਚਤਾ ਵਾਲਾ ਕੰਮ। ਛਾਡਿ—ਛੱਡ ਕੇ। ਸੰਜਮ—ਇੰਦ੍ਰਿਆਂ ਨੂੰ ਵੱਸ ਕਰਨ ਦੇ ਯਤਨ।2।

ਅਰਥ:- ਹੇ ਭਾਈ! ਜੇਹੜਾ ਪਰਮਾਤਮਾ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ ਸਾਰੇ ਸੁਖ ਦੇਣ ਵਾਲਾ ਹੈ, ਜਿਸ ਪਰਮਾਤਮਾ ਦੀ ਸਿਫ਼ਤਿ ਸਾਲਾਹ-ਭਰੇ ਗੁਰ-ਸ਼ਬਦਾਂ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਹੈ, ਉਸ ਨੂੰ ਮੈਂ (ਗੁਰੂ ਦੀ ਕਿਰਪਾ ਨਾਲ) ਹਰ ਥਾਂ ਆਪਣੀ ਅੱਖੀਂ ਵੇਖ ਲਿਆ ਹੈ।1। ਰਹਾਉ।

ਹੇ ਭਾਈ! ਸੰਤ ਜਨਾਂ ਨੇ (ਮੇਰੇ ਅੰਦਰੋਂ) ਅਗਿਆਨ-ਹਨੇਰਾ ਕੱਟ ਦਿੱਤਾ ਹੈ, ਦੇਣਹਾਰ ਗੁਰੂ ਨੇ ਮੈਨੂੰ ਆਤਮਕ ਜੀਵਨ ਦੀ ਦਾਤਿ ਬਖ਼ਸ਼ੀ ਹੈ। ਪ੍ਰਭੂ ਨੇ ਮੇਹਰ ਕਰ ਕੇ ਮੈਨੂੰ ਆਪਣਾ (ਸੇਵਕ) ਬਣਾ ਲਿਆ ਹੈ (ਤ੍ਰਿਸ਼ਨਾ-ਅੱਗ ਵਿਚ) ਸੜ ਰਿਹਾ (ਸਾਂ, ਹੁਣ) ਮੈਂ ਸ਼ਾਂਤ-ਚਿੱਤ ਹੋ ਗਿਆ ਹਾਂ।1।

ਹੇ ਨਾਨਕ! (ਆਖ—ਹੇ ਭਾਈ! ਸ਼ਾਸਤ੍ਰਾਂ ਅਨੁਸਾਰ ਮਿਥਿਆ ਹੋਇਆ ਕੋਈ) ਧਾਰਮਿਕ ਕੰਮ ਮੈਥੋਂ ਹੋ ਨਹੀਂ ਸਕਿਆ, (ਤੀਰਥ-ਇਸ਼ਨਾਨ ਆਦਿਕ ਦੀ ਰਾਹੀਂ) ਸਰੀਰਕ ਸੁੱਚਤਾ ਵਾਲਾ ਕੋਈ ਕੰਮ ਮੈਂ ਕਰ ਨਹੀਂ ਸਕਿਆ, ਆਪਣੀ ਚਤੁਰਾਈ ਛੱਡ ਕੇ ਮੈਂ ਗੁਰੂ ਦੀ ਚਰਨੀਂ ਆ ਪਿਆ ਹਾਂ।2।9।